# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-06-2024**

- ਕੇਂਦਰ ਵਿਚ ਨਵੀਂ ਸਰਕਾਰ ਬਣਾਉਣ ਲਈ ਪ੍ਰਕ੍ਰਿਆ ਸ਼ੁਰੂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕਰਕੇ ਮੰਤਰੀ ਮੰਡਲ ਦੇ ਨਾਲ ਆਪਣਾ ਅਸਤੀਫਾ ਸੌਂਪਿਆ।
- ਪ੍ਰਧਾਨ ਮੰਤਰੀ ਨਿਵਾਸ 'ਤੇ ਐਨ ਡੀ ਏ ਦੇ ਨੇਤਾਵਾਂ ਦੀ ਅੱਜ ਇਕ ਮੀਟਿੰਗ ਹੋ ਰਹੀ ਏ ਜਿਸ ਵਿਚ ਸਰਕਾਰ ਬਣਾਉਣ ਦੇ ਦਾਅਵੇ ਦੇ ਨਾਲ-ਨਾਲ ਅਗਲੀ ਸਰਕਾਰ ਦੇ ਗਠਨ ਬਾਰੇ ਫੈਸਲਾ ਲਿਆ ਜਾਵੇਗਾ।
- ਵਿਸ਼ਵ ਵਾਤਾਵਰਨ ਦਿਵਸ ਮੌਕੇ ਅੱਜ ਪੰਜਾਬ ਵਿਚ ਕਈ ਥਾਈਂ ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਗਏ।

- ਮੌਸਮ ਵਿਭਾਗ ਨੇ ਪੰਜਾਬ ਵਿਚ ਅਗਲੇ ਤਿੰਨ ਦਿਨ ਤਕ ਹਨੇਰੀ ਝੱਖੜ ਤੇ ਗਰਜ ਚਮਕ ਨਾਲ ਛਿੱਟੇ ਪੈਣ ਸੰਬੰਧੀ ਯੈਲੋ ਤੇ ਓਰੇਂਜ ਅਲਰਟ ਜਾਰੀ ਕੀਤਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਮੰਤਰੀ ਮੰਡਲ ਦੇ ਨਾਲ ਆਪਣਾ ਅਸਤੀਫ਼ਾ ਉਨਾਂ ਨੂੰ ਸੌਂਪ ਦਿੱਤਾ। ਰਾਸ਼ਟਰਪਤੀ ਨੇ ਅਸਤੀਫ਼ਾ ਸਵੀਕਾਰ ਕਰ ਲਿਆ ਅਤੇ ਨਰੇਂਦਰ ਮੋਦੀ ਤੇ ਮੰਤਰੀ ਮੰਡਲ ਨੂੰ ਨਵੀਂ ਸਰਕਾਰ ਦੇ ਗਠਨ ਤੱਕ ਅਹੁਦੇ 'ਤੇ ਬਣੇ ਰਹਿਣ ਦੀ ਬੇਨਤੀ ਕੀਤੀ । ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਹੋਈ ਕੇਂਦਰੀ ਮੰਤਰੀ ਮੰਡਲ ਦੀ ਆਖਰੀ ਬੈਠਕ ਵਿਚ ਰਾਸ਼ਟਰਪਤੀ ਨੂੰ 17ਵੀਂ ਲੋਕ ਸਭਾ ਭੰਗ ਕਰਨ ਦੀ ਸਿਫਾਰਿਸ਼ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਰਾਸ਼ਟਰਪਤੀ ਭਵਨ ਪਹੁੰਚੇ ਅਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਆਪਣਾ ਤੇ ਆਪਣੇ ਮੰਤਰੀ ਮੰਡਲ ਦਾ ਅਸਤੀਫ਼ਾ ਸੌਂਪਿਆ। ਇਸ ਦੋਰਾਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 17

ਵੀਂ ਲੋਕਸਭਾ ਨੂੰ ਭੰਗ ਕਰ ਦਿਤਾ ਏ । ਪ੍ਰਕਿਰਿਆ ਅਨੁਸਾਰ, ਰਾਸ਼ਟਰਪਤੀ ਨੇ ਉਨ੍ਹਾਂ ਨੂੰ ਨਵੀਂ ਸਰਕਾਰ ਦੇ ਗਠਨ ਤੱਕ ਅਹੁਦੇ 'ਤੇ ਬਣੇ ਰਹਿਣ ਲਈ ਕਿਹਾ ਏ। ਚੋਣ ਕਮਿਸ਼ਨ ਇੱਕ-ਦੋ ਦਿਨਾਂ ਵਿੱਚ ਲੋਕ ਸਭਾ ਚੋਣਾਂ ਦੇ ਨਤੀਜਿਆਂ ਦੀ ਅੰਤਿਮ ਸੂਚੀ ਦੇ ਨਾਲ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਦੀ ਸੂਚਨਾ ਰਾਸ਼ਟਰਪਤੀ ਨੂੰ ਭੇਜੇਗਾ, ਜਿਸ ਦੇ ਨਾਲ ਹੀ ਨਵੀਂ ਸਰਕਾਰ ਦੇ ਗਠਨ ਦੀ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ । ਸਭ ਤੋਂ ਵੱਡੀ ਪਾਰਟੀ ਬੀ ਜੇ ਪੀ ਤੇ ਐਨ ਡੀ ਏ ਗਠਜੋੜ ਨੂੰ ਮਿਲੇ ਸਪੱਸ਼ਟ ਬਹੁਮਤ ਨਾਲ ਇਹ ਤੈਅ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਤੀਜੇ ਕਾਰਜਕਾਲ ਲਈ ਸਹੁੰ ਚੁੱਕਣਗੇ । ਖ਼ਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਅਨੁਸਾਰ 17ਵੀਂ ਲੋਕ ਸਭਾ ਦਾ ਕਾਰਜਕਾਲ 16 ਜੂਨ ਨੂੰ ਖਤਮ ਹੋਣ ਜਾ ਰਿਹਾ ਏ। ਬੀਤੇ ਕਲ ਐਲਾਨੇ ਚੋਣ ਨਤੀਜਿਆਂ ਵਿਚ ਭਾਰਤੀ ਜਨਤਾ ਪਾਰਟੀ ਸਭ ਤੋਂ ਵੱਡੀ ਪਾਰਟੀ ਬਣ ਕੇ ਉਭਰੀ ਏ ਅਤੇ ਉਸਨੂੰ 240 ਸੀਟਾਂ ਮਿਲੀਆਂ ਨੇ। ਇਹ ਬਹੁਮਤ ਤੋਂ 32 ਸੀਟਾਂ ਘੱਟ ਨੇ ਪਰ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਚੋਣਾਂ ਤੋਂ ਪਹਿਲਾਂ ਬਣੇ ਐਨਡੀਏ ਨੂੰ ਪੂਰਨ ਬਹੁਮਤ ਮਿਲ ਗਿਆ ਏ।

--------------------------------------------------------

ਇੰਟਰੋ: ਪੰਜਾਬ ਵਿਚ ਲੋਕਸਭਾ ਚੋਣਾਂ ਦੌਰਾਨ ਕਈ ਸਿਆਸੀ ਪਾਰਟੀਆਂ ਦੇ ਵੋਟ ਪ੍ਰਤੀਸ਼ਤ ਵਿਚ ਵਾਧਾ ਦਰਜ਼ ਕੀਤਾ ਗਿਆ ਏ ਤੇ ਕਈਆਂ ਦਾ ਵੋਟ ਪ੍ਰਤੀਸ਼ਤ ਕਾਫੀ ਹੇਠਾਂ ਆ ਗਿਆ ਏ । ਸੱਤਧਾਰੀ ਆਮ ਆਦਮੀ ਪਾਰਟੀ ਦਾ ਗ੍ਰਾਫ ਵੀ ਹੇਠਾਂ ਆਇਆ ਏ ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਸੂਬੇ ਵਿਚ 13 - ਸਿਫਰ ਨਾਲ ਜਿੱਤ ਦਾ ਦਾਅਵਾ ਕਰਨ ਵਾਲੀ ਆਮ ਆਦਮੀ ਪਾਰਟੀ ਨੂੰ ਲੋਕਸਭਾ ਚੋਣਾਂ ਵਿਚ ਤਗੜਾ ਝਟਕਾ ਲੱਗਿਆ ਏ । 2022 ਦੀਆਂ ਵਿਧਾਨਸਭਾ ਚੋਣਾਂ ਵਿਚ 42 ਇਸ਼ਾਰਿਆ 3 ਫੀਸਦੀ ਵੋਟਾਂ ਨਾਲ ਕੁਲ 117 ਵਿਚੋਂ 92 ਵਿਧਾਨਸਭਾ ਹਲਕਿਆਂ ਵਿਚ ਜਿੱਤ ਹਾਸਲ ਕਰਨ ਵਾਲੀ ਇਹ ਪਾਰਟੀ ਇਸ ਵਾਰ 26 ਇਸ਼ਾਰਿਆ 2 ਫੀਸਦੀ ਵੋਟਾਂ ਹੀ ਹਾਸਲ ਕਰ ਸਕੀ ਏ । ਪਾਰਟੀ ਨੂੰ ਮਾਲਵਾ, ਮਾਝਾ ਅਤੇ ਦੋਆਬਾ ਤਿੰਨੋਂ ਹੀ ਖੇਤਰਾਂ ਵਿਚ ਨੁਕਸਾਨ ਝੱਲਣਾ ਪਿਆ ਏ । ਕਾਂਗਰਸ ਪਾਰਟੀ ਨੇ 26 ਇਸ਼ਾਰਿਆ 3 - 0 ਫੀਸਦੀ ਵੋਟ ਸ਼ੇਅਰ ਨਾਲ ਸੱਤ ਸੀਟਾਂ ਹਾਸਲ ਕੀਤੀਆਂ ਨੇ ਅਤੇ ਪਿਛਲੀਆਂ ਲੋਕਸਭਾ ਚੋਣਾਂ ਦੇ***

*ਮੁਕਾਬਲੇ ਕਾਂਗਰਸ ਦੀ ਇਕ ਸੀਟ ਘਾਟਾਂ ਦੇ ਨਾਲ ਨਾਲ ਵੋਟ ਸ਼ੇਅਰ ਵੀ ਕੋਈ 14 ਫੀਸਦੀ ਘੱਟ ਰਿਹਾ ਏ । ਪੂਰੀ ਤਰਾਂ ਨਾਲ ਖੇਤਰੀ ਪਾਰਟੀ ਹੋਣ ਦਾ ਦਾਅਵਾ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ਨੂੰ ਇਨਾਂ ਚੋਣਾਂ ਵਿਚ ਜਬਰਦਸਤ ਨੁਕਸਾਨ ਝੱਲਣਾ ਪਿਆ ਏ । ਪਾਰਟੀ ਦਾ ਵੋਟ ਸ਼ੇਅਰ 2019 ਦੀਆਂ ਲੋਕਸਭਾ ਚੋਣਾਂ ਦੇ 27 ਇਸ਼ਾਰਿਆ 8 ਅਤੇ 2022 ਦੀਆਂ ਵਿਧਾਨਸਭਾ ਚੋਣਾਂ ਦੇ 18 ਇਸ਼ਾਰਿਆ 5 ਦੇ ਮੁਕਾਬਲੇ ਇਸ ਵਾਰ ਘੱਟ ਕੇ 13 ਇਸ਼ਾਰਿਆ 4 - 2 ਤੇ ਆ ਗਿਆ ਏ ਅਤੇ ਸੀਟ ਵੀ ਇਕੋ ਹੀ ਮਿਲੀ ਏ । ਉਧਰ ਪਹਿਲੀ ਵਾਰ ਸਾਰੇ ਹੀ 13 ਲੋਕਸਭਾ ਹਲਕਿਆਂ ਵਿਚ ਆਪਣੇ ਦਮ ਤੇ ਚੋਣ ਮੈਦਾਨ ਵਿਚ ਨਿਤਰੀ ਭਾਰਤੀ ਜਨਤਾ ਪਾਰਟੀ ਨੂੰ ਸੀਟ ਤਾਂ ਕੋਈ ਨਹੀਂ ਮਿਲੀ ਪਰ ਉਸਦਾ ਵੋਟ ਬੈਂਕ ਜਰੂਰ 18 ਇਸ਼ਾਰਿਆ 5 - 6 ਫੀਸਦੀ ਤਕ ਪਹੁੰਚ ਗਿਆ ਏ ਜਿਹੜਾ ਕਿ 2019 ਦੀਆਂ ਲੋਕਸਭਾ ਚੋਣਾਂ ਵਿਚ 9 ਇਸ਼ਾਰਿਆ 7 ਅਤੇ 2022 ਦੀਆਂ ਵਿਧਾਨਸਭਾ ਚੋਣਾਂ ਵਿਚ ਸਿਰਫ 6 ਇਸ਼ਾਰਿਆ 6 ਫੀਸਦ ਹੀ ਸੀ । ਇਸੇ ਤਰਾਂ ਨਾਲ ਬਹੁਜਨ ਸਮਾਜ ਪਾਰਟੀ ਨੂੰ 2019 ਦੀਆਂ ਚੋਣਾਂ ਵਿਚ ਕੋਈ 20 ਫੀਸਦੀ ਵੋਟ ਮਿਲੇ*

***ਸਨ ਪਰ ਇਸ ਵਾਰ 2 ਇਸ਼ਾਰਿਆ 4 - 9 ਫੀਸਦੀ ਵੋਟ ਹੀ ਹਾਸਲ ਕਰ ਸਕੀ। ਚੋਣਾਂ ਵਿਚ ਆਜ਼ਾਦ ਉਮੀਦਵਾਰਾਂ ਨੇ 12 ਇਸ਼ਾਰਿਆ 5 - 1, ਸੀ ਪੀ ਆਈ ਨੇ ਸਿਫਰ ਇਸ਼ਾਰਿਆ 1 - 6 ਅਤੇ ਸੀ ਪੀ ਐਮ ਨੇ ਸਿਫਰ ਇਸ਼ਾਰਿਆ 0 - 4 ਫੀਸਦੀ ਵੋਟ ਹਾਸਲ ਕੀਤੇ ਨੇ ਜਦਕਿ ਸਿਫਰ ਇਸ਼ਾਰਿਆ 49 ਫੀਸਦ ਵੋਟਰਾਂ ਨੇ ਨੋਟਾ ਦਾ ਬਟਣ ਦਬਾਇਆ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਲੋਕ ਸਭਾ ਚੋਣਾਂ ਵਿੱਚ ਪਾਰਟੀ ਵਰਕਰਾਂ ਤੇ ਆਹੁਦੇਦਾਰਾਂ ਵੱਲੋਂ ਦਿਨ-ਰਾਤ ਕੀਤੀ ਸਖ਼ਤ ਮਿਹਨਤ ਲਈ ਧੰਨਵਾਦ ਕਰਦਿਆਂ ਆਖਿਆ ਕਿ ਅਕਾਲੀ ਦਲ ਪੰਜਾਬ ਦੇ ਲੋਕਾਂ ਵੱਲੋਂ ਦਿੱਤਾ ਫ਼ਤਵਾ ਖਿੜੇ ਮੱਥੇ ਪ੍ਰਵਾਨ ਕਰਦਾ ਏ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਛੇਤੀ ਹੀ ਸ਼ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਤੇ ਸੀਨੀਅਰ ਆਗੂਆਂ ਵੱਲੋਂ ਮੀਟਿੰਗ ਬੁਲਾ ਕੇ ਚੋਣ ਨਤੀਜਿਆਂ ਦੀ ਘੋਖ ਕਰਦਿਆਂ ਸਾਰਥਕ ਹੱਲ

ਲੱਭੇ ਜਾਣਗੇ ਅਤੇ ਭਵਿੱਖ ‘ਚ ਪਾਰਟੀ ਦੀ ਮਜ਼ਬੂਤੀ ਸੰਬੰਧੀ ਵਿਚਾਰ ਵਟਾਂਦਰ ਕੀਤਾ ਜਾਵੇਗਾ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਚੋਣਾਂ ਆਪਣੇ ਬਲਬੂਤੇ ਲੜ੍ਹਦਿਆਂ ਪਾਰਟੀ ਨੈਸ਼ਨਲ ਏਜੰਡਾ ਤਹਿ ਨਾ ਕਰ ਸਕੀ, ਜਿਸਦਾ ਚੋਣ ਨਤੀਜਿਆਂ ਉੱਪਰ ਵੱਡਾ ਅਸਰ ਦਿਖਾਈ ਦਿੱਤਾ।

--------------------------------------------------------

ਅੱਜ ਵਿਸ਼ਵ ਵਾਤਾਵਰਨ ਦਿਵਸ ਏ। ਇਹ ਦਿਨ ਵਾਤਾਵਰਣ ਪ੍ਰਤੀ ਜਾਗਰੂਕਤਾ ਫੈਲਾਉਣ ਅਤੇ ਵਾਤਾਵਰਣ ਦੇ ਮੁੱਦਿਆਂ 'ਤੇ ਕੰਮ ਕਰਨ ਲਈ ਮਨਾਇਆ ਜਾਂਦਾ ਏ। ਇਸ ਮੌਕੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਦੇ ਬੁੱਧ ਜੈਅੰਤੀ ਪਾਰਕ ਵਿਖੇ ਬੂਟਾ ਲਗਾ ਕੇ 'ਮਾਂ ਦੇ ਨਾਂ 'ਤੇ ਇਕ ਰੁੱਖ' ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਮੁਹਿੰਮ ਦਾ ਉਦੇਸ਼ ਦੇਸ਼ ਭਰ ਵਿੱਚ ਕਰੋੜਾਂ ਰੁੱਖ ਲਗਾਉਣ ਲਈ ਇੱਕ ਵਿਲੱਖਣ ਲੋਕ ਲਹਿਰ ਪੈਦਾ ਕਰਨਾ ਏ। ਉਨ੍ਹਾਂ ਨਾਲ ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਅਤੇ ਦਿੱਲੀ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਵੀ ਮੌਜੂਦ ਰਹੇ।

---

ਇੰਡੋ ਤਿੱਬਤੀਅਨ ਬਾਰਡਰ ਪੁਲਿਸ ਫੋਰਸ ਦੀ 30ਵੀਂ ਬਟਾਲੀਅਨ ਨੇ ਸਰਾਏਖਾਸ, ਜਲੰਧਰ ਵਿਖੇ ਵਿਸ਼ਵ ਵਾਤਾਵਰਨ ਦਿਵਸ ਉਤਸ਼ਾਹ ਨਾਲ ਮਨਾਇਆ। ਪ੍ਰੋਗਰਾਮ ਦੀ ਸ਼ੁਰੂਆਤ ਕਮਾਂਡੈਂਟ ਬੂਟਾ ਸੁਮਨ ਤੇ ਚੀਫ ਪੈਟਰਨ ਹਿਮਵੀਰ ਵਾਈਵਜ਼ ਵੈਲਫੇਅਰ ਐਸੋਸੀਏਸ਼ਨ ਪ੍ਰੀਤੀ ਸੁਮਨ ਵੱਲੋਂ ਰੁੱਖ ਲਗਾ ਕੇ ਕੀਤੀ ਗਈ। ਕਮਾਂਡੈਂਟ ਬੂਟਾ ਸੁਮਨ ਨੇ ਮਿਸ਼ਨ ਲਾਈਫ ਤਹਿਤ ਹਿਮਵੀਰ ਤੇ ਹਿਮਵੀਰ ਦੇ ਪਰਿਵਾਰਾਂ ਨੂੰ ਵਾਤਾਵਰਨ ਦੀ ਸੁਰੱਖਿਆ ਲਈ ਰੁੱਖਾਂ ਦੀ ਸੰਭਾਲ ਕਰਨ, ਰੁੱਖਾਂ ਦੀ ਕਟਾਈ ਬੰਦ ਕਰਨ, ਪਾਣੀ ਦੀ ਸੰਭਾਲ ਤੇ ਪਾਣੀ ਪ੍ਰਦੂਸ਼ਿਤ ਹੋਣ ਤੋਂ ਰੋਕਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਅਤੇ ਜਾਗਰੂਕ ਕੀਤਾ।

---

ਭਾਰਤ ਵਿਕਾਸ ਪ੍ਰੀਸ਼ਦ ਗੁਰਦਾਸਪੁਰ ਸਿਟੀ ਬਰਾਂਚ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਮੁੱਖ ਬੁਲਾਰੇ ਗੋ ਗ੍ਰੀਨ - ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਜਨਕ ਰਾਜ ਸ਼ਰਮਾ ਨੇ ਵਾਤਾਵਰਨ

ਦਿਵਸ ਬਾਰੇ ਜਾਣਕਾਰੀ ਦਿੱਤੀ ਅਤੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੂਟੇ ਵੀ ਲਗਾਏ ਗਏ ਅਤੇ ਵਾਤਾਵਰਨ ਨਾਲ ਸਬੰਧਤ ਫਲੈਕਸ ਬੈਨਰ ਦਾ ਉਦਘਾਟਨ ਕੀਤਾ ਗਿਆ। ਵਾਤਾਵਰਣ ਸੰਭਾਲ ਸੇਵਾ ਸੁਸਾਇਟੀ ਨਵਾਂ ਸ਼ਹਿਰ ਨੇ ਬਾਰਾਂਦਰੀ ਗਾਰਡਨ ਵਿਖੇ ਪੌਦੇ ਲਗਾਏ ਗਏ। ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ ਨੇ ਦੱਸਿਆ ਕਿ ਅਜੋਕੇ ਸਮੇਂ ਦੀ ਤਪਸ਼ ਨੂੰ ਵੇਖਦਿਆਂ ਹਰ ਇਕ ਮਨੁੱਖ ਨੂੰ ਆਪਣੇ ਜਨਮ ਦਿਨ ਜਾਂ ਹੋਰ ਖੁਸ਼ੀ ਮੌਕੇ ਇੱਕ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਏ। ਸੁਸਾਇਟੀ ਮੈਂਬਰਾਂ ਨੇ ਹਾਈ ਬਿਲਕਸ, ਕਨੇਰ, ਸਿਲਵਰ ਓਕ, ਲੈਗ ਸਟੋਮੀਆ ਅਤੇ ਚਾਂਦਨੀ ਦੀ ਕਿਸਮ ਦੇ ਪੌਦੇ ਲਗਾਏ।

----------------------------------------------------

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਕਮ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਦੀ ਪ੍ਰਧਾਨਗੀ ਹੇਠ ਮਲਿਕਪੁਰ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਬੂਟੇ ਲਗਾਏ ਗਏ ਅਤੇ ਵਾਤਾਵਰਨ ਬਚਾਉਣ ਦਾ ਸੁਨੇਹਾ ਦਿੱਤਾ

ਗਿਆ। ਨਗਰ ਨਿਗਮ ਪਠਾਨਕੋਟ ਦੀ ਸਵੱਛ ਭਾਰਤ ਮਿਸ਼ਨ ਟੀਮ ਨੇ ਵੀ ਵਾਤਾਵਰਣ ਬਚਾਉਣ ਵਿੱਚ ਯੋਗਦਾਨ ਪਾਉਂਦਿਆਂ ਵੱਖ- ਵੱਖ ਕਿਸਮ ਦੇ ਕੋਈ ਸੌ ਬੂਟੇ ਲਗਾਏ ਅਤੇ ਸ਼ਹਿਰ ਦੇ ਕਈ ਵਾਰਡਾਂ ਵਿੱਚ ਪਹੁੰਚ ਕਰਕੇ ਲੋਕਾਂ ਨੂੰ ਵਾਤਾਵਰਣ ਬਚਾਉਣ ਸਬੰਧੀ ਜਾਗਰੂਕ ਕੀਤਾ।

---------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਜ਼ਮੀਨ ਦੀ ਸਿਹਤ ਸੰਭਾਲ ਤੇ ਵਾਤਾਵਰਨ ਨੂੰ ਪ੍ਰਦੂਸ਼ਣ ਰਹਿਤ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ। ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਮੁੱਖ ਖੇਤੀਬਾੜੀ ਅਫ਼ਸਰ ਗੁਰਨਾਮ ਸਿੰਘ ਨੇ ਦੱਸਿਆ ਕਿ ਮਿੱਟੀ ਪਾਣੀ ਪਰਖ ਕਰਵਾਉਣ ਤੇ ਜਮੀਨ ਵਿੱਚ ਉਪਲਬਧ ਜੈਵਿਕ ਕਾਰਬਨ ਅਤੇ ਹੋਰ ਉਪਲਬਧ ਤੱਤਾਂ ਦੇ ਨਾਲ-ਨਾਲ ਜਮੀਨ ਦੇ ਤੇਜਾਬੀਪਨ/ਖਾਰੇਪਨ ਅਤੇ ਲੂਣਾਂ ਦੀ ਮਾਤਰਾ ਬਾਰੇ ਵੀ ਪਤਾ ਲੱਗਦਾ ਏ। ਉਨ੍ਹਾਂ ਦੱਸਿਆ ਕਿ ਮਿੱਟੀ ਦੀ ਪਰਖ ਉਪਰੰਤ ਖੁਰਾਕੀ ਤੱਤਾਂ ਦੇ ਅਧਾਰ ’ਤੇ ਜਮੀਨਾਂ ਨੂੰ ਘੱਟ, ਦਰਮਿਆਨੀ ਤੇ ਵੱਧ ਸ਼ੇਣੀਆਂ ਵਿੱਚ ਵੰਡਿਆਂ ਜਾਂਦਾ ਏ। ਫਸਲ ਤੇ ਫਸਲੀ ਚੱਕਰ ਦੇ ਅਧਾਰ ’ਤੇ ਹੀ ਹਰ ਸ੍ਰੇਣੀ ਲਈ ਖਾਦਾਂ ਦੀਆਂ

ਸਿਫਾਰਸ਼ਾਂ ਕੀਤੀਆਂ ਜਾਂਦੀਆਂ ਨੇ। ਜਿਸ ਤਰ੍ਹਾਂ ਮਨੁੱਖੀ ਸਿਹਤ ਲਈ ਹੈਲਥ ਕਾਰਡ ਜਰੂਰੀ ਨੇ ਉਸੇ ਤਰ੍ਹਾਂ ਮਿੱਟੀ ਦੀ ਸਿਹਤ ਲਈ ਮਿੱਟੀ ਸਿਹਤ ਕਾਰਡ ਜਰੂਰੀ ਨੇ, ਜਿਸਦੇ ਅਧਾਰ ’ਤੇ ਹੀ ਜਰੂਰੀ ਖਾਦਾਂ ਦੀ ਵਰਤੋਂ ਕਰਕੇ ਖੇਤੀ ਖਰਚੇ ਘਟਾਏ ਜਾ ਸਕਦੇ ਨੇ।

---------------------------------------------------

ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਤੋਂ ਬਾਅਦ ਵੀ ਗਰਮੀ ਲਗਾਤਾਰ ਲੋਕਾਂ ਨੂੰ ਪ੍ਰੇਸ਼ਾਨ ਕਰ ਰਹੀ ਏ। ਗਰਮ ਹਵਾਵਾਂ ਤੇ ਲੂ ਦੇ ਥਪੇੜੇ ਸਾਰਿਆਂ ਲਈ ਵੱਡੀ ਮੁਸੀਬਤ ਦਾ ਕਾਰਣ ਬਣੇ ਹੋਏ ਨੇ। ਮੌਸਮ ਵਿਭਾਗ ਨੇ 5 ਤੇ 6 ਜੂਨ ਨੂੰ ਸਮੁਚੇ ਸੂਬੇ ਲਈ ਜਦਕਿ 7 ਜੂਨ ਨੂੰ ਕੁਝ ਜ਼ਿਲਿਆਂ ਵਿਚ 50 ਤੋਂ 60 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਨੇਰੀ ਝੱਖੜ ਝੁਲਣ ਅਤੇ ਗਰਜ ਚਮਕ ਨਾਲ ਛਿੱਟੇ ਪੈਣ ਸੰਬੰਧੀ ਯੈਲੋ ਤੇ ਓਰੇਂਜ ਅਲਰਟ ਜਾਰੀ ਕੀਤਾ ਏ। ਇਸ ਨਾਲ ਤਾਪਮਾਨ ਵਿਚ 3 ਤੋਂ 5 ਡਿਗਰੀ ਤੱਕ ਦੀ ਗਿਰਾਵਟ ਵੀ ਆ ਸਕਦੀ ਏ।

---------------------------------------------------

ਦੇਸ਼ ਵਿੱਚ ਕੁੱਲ ਅਨਾਜ ਉਤਪਾਦਨ ਤਿੰਨ ਹਜ਼ਾਰ 288 ਲੱਖ ਟਨ ਤੋਂ

ਵੱਧ ਹੋਣ ਦਾ ਅਨੁਮਾਨ ਏ। ਖੇਤੀਬਾੜੀ ਮੰਤਰਾਲੇ ਵੱਲੋਂ ਜਾਰੀ ਪ੍ਰਮੁੱਖ ਖੇਤੀ ਫ਼ਸਲਾਂ ਦੇ ਤੀਜੇ ਅਗਾਊਂ ਅਨੁਮਾਨ ਅਨੁਸਾਰ ਕੁੱਲ ਚੌਲਾਂ ਦੀ ਪੈਦਾਵਾਰ ਇੱਕ ਹਜ਼ਾਰ 367 ਲੱਖ ਟਨ ਹੋਣ ਦਾ ਅਨੁਮਾਨ ਏ। ਕਣਕ ਦਾ ਉਤਪਾਦਨ ਇੱਕ ਹਜ਼ਾਰ 129 ਲੱਖ ਟਨ ਤੋਂ ਵੱਧ ਹੋਣ ਦਾ ਅਨੁਮਾਨ ਏ ਜਿਹੜਾ ਪਿਛਲੇ ਸਾਲ ਦੇ ਕਣਕ ਉਤਪਾਦਨ ਨਾਲੋਂ 23 ਲੱਖ ਟਨ ਵੱਧ ਏ। ਤੂੜ ਦਾ ਉਤਪਾਦਨ ਕੋਈ 34 ਲੱਖ ਟਨ ਹੋਣ ਦਾ ਅਨੁਮਾਨ ਏ ਜਿਹੜਾ ਕਿ ਪਿਛਲੇ ਸਾਲ ਦੇ ਉਤਪਾਦਨ ਨਾਲੋਂ 0 ਇਸ਼ਾਰਿਆ 7 - 3 ਲੱਖ ਟਨ ਵੱਧ ਹੋਵੇਗਾ। ਮੰਤਰਾਲੇ ਨੇ ਕਿਹਾ ਏ ਕਿ ਉਪਜ ਦੇ ਇਸ ਅਗਾਊਂ ਅਨੁਮਾਨਾਂ ਵਿੱਚ ਸਾਉਣੀ, ਹਾੜੀ ਅਤੇ ਗਰਮੀਆਂ ਦੇ ਮੌਸਮ ਸ਼ਾਮਲ ਨੇ ਅਤੇ ਇਹ ਅਨੁਮਾਨ ਮੁੱਖ ਤੌਰ 'ਤੇ ਸੂਬਾ ਖੇਤੀਬਾੜੀ ਅੰਕੜਾ ਅਥਾਰਟੀ ਤੋਂ ਪ੍ਰਾਪਤ ਜਾਣਕਾਰੀ ਦੇ ਆਧਾਰ 'ਤੇ ਤਿਆਰ ਕੀਤਾ ਗਿਆ ਏ।

----------------------------------------------------

ਸੀਮਾ ਸੁਰੱਖਿਆ ਬਲ ਨੇ ਬੀਤੀ ਦੇਰ ਰਾਤ ਅੰਮ੍ਰਿਤਸਰ ਜ਼ਿਲੇ ਦੇ ਇਕ ਸਰਹੱਦੀ ਪਿੰਡ ਵਿਚ ਇਕ ਤਸਕਰ ਦੇ ਘਰ ਛਾਪਾ ਮਾਰ ਕੇ 2 ਕਰੋੜ

ਰੁਪਏ ਜ਼ਬਤ ਕੀਤੇ ਨੇ । ਬੀ. ਐੱਸ. ਐੱਫ. ਵਲੋਂ ਮਿਲੀ ਸੂਚਨਾ ਤੋਂ ਬਾਅਦ ਪੰਜਾਬ ਪੁਲਿਸ ਦੀ ਮਦਦ ਨਾਲ ਤਲਾਸ਼ੀ ਮੁਹਿੰਮ ਚਲਾਈ ਗਈ । ਬੀ. ਐਸ. ਐਫ. ਅਧਿਕਾਰੀਆਂ ਵਲੋਂ ਦਿੱਤੀ ਜਾਣਕਾਰੀ ਅਨੁਸਾਰ ਸਰਹੱਦ ਪਾਰੋਂ ਨਸ਼ਾ ਤਸਕਰੀ ਵਿਚ ਸ਼ਾਮਲ ਇਕ ਸ਼ੱਕੀ ਤਸਕਰ ਦੇ ਘਰ ਤਲਾਸ਼ੀ ਮੁਹਿੰਮ ਚਲਾਈ ਗਈ । ਛਾਪੇਮਾਰੀ ਦੌਰਾਨ ਸ਼ੱਕੀ ਦੇ ਘਰੋਂ ਕਰੀਬ 2 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ । ਅੱਗੇ ਕਰੰਸੀ ਦੀ ਗਿਣਤੀ ਅਤੇ ਤਲਾਸ਼ੀ ਮੁਹਿੰਮ ਚੱਲ ਰਹੀ ਏ । ਬੀ. ਐਸ. ਐਫ. ਅਧਿਕਾਰੀਆਂ ਨੇ ਕਿਹਾ ਕਿ ਇਹ ਬਰਾਮਦਗੀ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਖਤਮ ਕਰਨ ਲਈ ਬਲ ਦੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦੀ ਏ ।

-----------------------------------------------

## ਅਖੀਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ

- ਕੇਂਦਰ ਵਿਚ ਨਵੀਂ ਸਰਕਾਰ ਬਣਾਉਣ ਲਈ ਪ੍ਰਕ੍ਰਿਆ ਸ਼ੁਰੂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ

ਮੁਲਾਕਾਤ ਕਰਕੇ ਮੰਤਰੀ ਮੰਡਲ ਦੇ ਨਾਲ ਆਪਣਾ ਅਸਤੀਫ਼ਾ ਸੌਂਪਿਆ।

- ਪ੍ਰਧਾਨ ਮੰਤਰੀ ਨਿਵਾਸ 'ਤੇ ਐਨ ਡੀ ਏ ਦੇ ਨੇਤਾਵਾਂ ਦੀ ਅੱਜ ਇਕ ਮੀਟਿੰਗ ਹੋ ਰਹੀ ਏ ਜਿਸ ਵਿਚ ਸਰਕਾਰ ਬਣਾਉਣ ਦੇ ਦਾਅਵੇ ਦੇ ਨਾਲ-ਨਾਲ ਅਗਲੀ ਸਰਕਾਰ ਦੇ ਗਠਨ ਬਾਰੇ ਫ਼ੈਸਲਾ ਲਿਆ ਜਾਵੇਗਾ।
- ਵਿਸ਼ਵ ਵਾਤਾਵਰਨ ਦਿਵਸ ਮੌਕੇ ਅੱਜ ਪੰਜਾਬ ਵਿਚ ਕਈ ਥਾਈਂ ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਗਏ।
- ਮੌਸਮ ਵਿਭਾਗ ਨੇ ਪੰਜਾਬ ਵਿਚ ਅਗਲੇ ਤਿੰਨ ਦਿਨ ਤਕ ਹਨੇਰੀ ਝੱਖੜ ਤੇ ਗਰਜ ਚਮਕ ਨਾਲ ਛਿੱਟੇ ਪੈਣ ਸੰਬੰਧੀ ਯੈਲੋ ਤੇ ਓਰੇਂਜ ਅਲਰਟ ਜਾਰੀ ਕੀਤਾ।